**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।**

ਹੁਕਮ ਨੰ: 10/212-05 ਅ-3 (2) (ਕੋ:ਸੈਲ (2) )
ਮਿਤੀ, ਐਸ.ਏ.ਐਸ.ਨਗਰ :- 20-07-15

ਸ਼੍ਰੀ ਕੰਵਲਜੀਤ ਸਿੰਘ, ਸ.ਸ. ਮਾਸਟਰ, ਸ.ਸ.ਸ.ਸ ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ ਜੋ ਮਿਤੀ 23-06-2006 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 10/153-2006 ਅ-3 (2) ਮਿਤੀ 28-09-2006 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਾਂਮਾਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀ ਕੰਵਲਜੀਤ ਸਿੰਘ, ਸ.ਸ. ਮਾਸਟਰ, ਸ.ਸ.ਸ.ਸ ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ ਵੱਲੋ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 10/212-2005 ਅ-3 (2)/425 ਮਿਤੀ 02-05-2011 ਰਾਂਹੀ ਸ਼੍ਰੀ ਦੀਦਾਰ ਸਿੰਘ, ਉਪ: ਜ਼ਿ:ਸਿ:ਅ (ਸੈਸਿ), ਗੁਰਦਾਸਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰੀ ਵਿਰੁੱਧ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀ ਕੰਵਲਜੀਤ ਸਿੰਘ, ਸ.ਸ. ਮਾਸਟਰ, ਸ.ਸ.ਸ.ਸ ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 14-06-15 ਨੂੰ ਦ ਟ੍ਰਿਬਿਊਨ ਅਖਬਾਰ ਵਿਚ ਲੜੀ ਨੰ:9 ਤੇ ਪਬਲਿਕ ਨੋਟਿਸ ਦਿੱਤਾ ਗਿਆ। ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰੀ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਉਸ ਉਪਰੰਤ ਮਿਤੀ 20-08-15 ਨੂੰ ਦ ਟ੍ਰਿਬਿਊਨ ਅਖਬਾਰ ਵਿਚ ਗੈਰ-ਹਾਜ਼ਰੀ ਦੀ ਮਿਤੀ ਦੀ ਸੋਧ ਦਿੱਤੀ ਗਈ ਪਰ ਕਰਮਚਾਰੀ ਵਲੋਂ ਫਿਰ ਵੀ ਕੋਈ ਪੱਖ ਪੇਸ਼ ਨਹੀਂ ਕੀਤਾ ਗਿਆ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਕੰਵਲਜੀਤ ਸਿੰਘ, ਸ.ਸ. ਮਾਸਟਰ, ਸ.ਸ.ਸ.ਸ ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 23-06-2006 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 16406-09 ਮਿਤੀ, ਐਸ.ਏ.ਐਸ.ਨਗਰ : 27/8/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਗੁਰਦਾਸਪੁਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਰਜਿਸਟਰਡ 3. ਪ੍ਰਿੰਸੀਪਲ, ਸ.ਸ.ਸ.ਸ ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ (ਨੱਥੀ : ਸੇਵਾ ਪੱਤਰੀ)।

4. ਸ਼੍ਰੀ ਕੰਵਲਜੀਤ ਸਿੰਘ, ਸ.ਸ. ਮਾਸਟਰ, ਸ.ਸ.ਸ.ਸ ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ